**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ।  -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਬ-ਰਜਿਸਟਰਾਰ, ਮੋਰਿੰਡਾ,
ਜ਼ਿਲ੍ਹਾ ਰੂਪਨਗਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਉਪ ਮੰਡਲ ਮੈਜਿਸਟਰੇਟ, ਮੋਰਿੰਡਾ,
ਜ਼ਿਲ੍ਹਾ ਰੂਪਨਗਰ।

-------ਉੱਤਰਦਾਤਾ

**ਅਪੀਲ ਕੇਸ ਨੰ:2245/2019**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋ ਸ਼੍ਰੀ ਜਗਰੂਪ ਸਿੰਘ, ਰਜਿਸਟਰੀ ਕਲਰਕ (98140-44344)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-04-2019, ਲੋਕ ਸੂਚਨਾ ਅਧਿਕਾਰੀ ਦਫਤਰ ਸਬ-ਰਜਿਸਟਰਾਰ, ਮੋਰਿੰਡਾ, ਜ਼ਿਲ੍ਹਾ ਰੂਪਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਬ-ਰਜਿਸਟਰਾਰ, ਮੋਰਿੰਡਾ, ਜ਼ਿਲ੍ਹਾ ਰੂਪਨਗਰ ਦੇ ਦਫ਼ਤਰ ਦੇ ਸਟਾਫ/ਕਰਮਚਾਰੀਆਂ ਅਤੇ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 08-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 25-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 02-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਅੱਜ ਪੇਸ਼ੀ ਸਮੇਂ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਜਗਰੂਪ ਸਿੰਘ, ਰਜਿਸਟਰੀ ਕਲਰਕ ਨੇ ਪੱਤਰ ਨੰ:71/ਆਰ.ਸੀ., ਮਿਤੀ 16-08-2019 ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਉਨ੍ਹਾਂ ਦੇ ਪੱਤਰ ਨੰ:11/ਆਰ.ਸੀ., ਮਿਤੀ 25-04-2019 ਰਾਹੀਂ ਪਹਿਲਾਂ ਹੀ ਨਿਰਧਾਰਿਤ ਸਮੇਂ ਅੰਦਰ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਪੱਤਰ ਦੀ ਕਾਪੀ ਅਪੀਲਕਰਤਾ ਵੱਲੋਂ ਆਪਣੀ ਦੂਜੀ ਅਪੀਲ ਦੇ ਨਾਲ ਕਮਿਸ਼ਨ ਨੂੰ ਵੀ ਪਹਿਲਾਂ ਹੀ ਪੇਸ਼ ਕੀਤੀ ਹੋਈ ਹੈ।ਇਸ ਤੋਂ ਇਲਾਵਾ ਹਾਜ਼ਰ ਉੱਤਰਦਾਤਾ ਨੇ ਪਹਿਲੀ ਅਪੀਲੀ ਅਥਾਰਟੀ ਦਾ ਪੱਤਰ ਨੰ:651/ਐਮ.ਸੀ.-3(ਆਰ.ਟੀ.ਆਈ.), ਮਿਤੀ 29-08-2019 ਵੀ ਪੇਸ਼ ਕੀਤਾ ਹੈ ਜਿਸ ਅਨੁਸਾਰ ਪਹਿਲੀ ਅਪੀਲੀ ਅਥਾਰਟੀ ਵੱਲੋਂ ਅਪੀਲਕਰਤਾ ਦੀ ਪਹਿਲੀ ਅਪੀਲ ਦਾ ਫੈਸਲਾ ਮਿਤੀ 18-06-2019 ਨੂੰ ਕਰਦੇ ਹੋਏ ਅਪੀਲ ਖਾਰਜ ਕੀਤੀ ਜਾ ਚੁੱਕੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਹਨ।

4. ਉੱਤਰਦਾਤਾ ਲੋਕ ਸੂਚਨਾ ਅਧਿਕਾਰੀ, ਵੱਲੋਂ ਅਪੀਲਕਰਤਾ ਨੂੰ ਨਿਰਧਾਰਿਤ ਸਮੇਂ ਅੰਦਰ ਸੂਚਨਾ ਭੇਜੀ ਜਾ ਚੁੱਕੀ ਹੈ ਜਿਸ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 02 ਸਤੰਬਰ, 2019.**  **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਬ-ਰਜਿਸਟਰਾਰ, ਮੋਰਿੰਡਾ,
ਜ਼ਿਲ੍ਹਾ ਰੂਪਨਗਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਉਪ ਮੰਡਲ ਮੈਜਿਸਟਰੇਟ, ਮੋਰਿੰਡਾ,
ਜ਼ਿਲ੍ਹਾ ਰੂਪਨਗਰ।

-------ਉੱਤਰਦਾਤਾ

**ਅਪੀਲ ਕੇਸ ਨੰ:2248/2019**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਜਗਰੂਪ ਸਿੰਘ, ਰਜਿਸਟਰੀ ਕਲਰਕ (98140-44344)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-04-2019, ਲੋਕ ਸੂਚਨਾ ਅਧਿਕਾਰੀ ਦਫਤਰ ਸਬ-ਰਜਿਸਟਰਾਰ, ਮੋਰਿੰਡਾ, ਜ਼ਿਲ੍ਹਾ ਰੂਪਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਬ-ਰਜਿਸਟਰਾਰ, ਮੋਰਿੰਡਾ, ਜ਼ਿਲ੍ਹਾ ਰੂਪਨਗਰ ਵੱਲੋਂ ਸਾਲ 2010 ਤੋਂ ਲੈ ਕੇ ਸਾਲ 2018 ਤੱਕ ਵੱਖ-ਵੱਖ ਆਡਿਟ ਟੀਮਾਂ ਵੱਲੋਂ ਕੀਤੀ ਗਈ ਚੈਕਿੰਗ ਦੀਆਂ ਰਿਪੋਰਟਾਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 25-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 02-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਜਗਰੂਪ ਸਿੰਘ, ਰਜਿਸਟਰੀ ਕਲਰਕ ਨੇ ਪੱਤਰ ਨੰ:70/ਆਰ.ਸੀ., ਮਿਤੀ 16-08-2019 ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਉਨ੍ਹਾਂ ਦੇ ਪੱਤਰ ਨੰ:13/ਆਰ.ਸੀ., ਮਿਤੀ 25-04-2019 ਰਾਹੀਂ ਪਹਿਲਾਂ ਹੀ ਨਿਰਧਾਰਿਤ ਸਮੇਂ ਅੰਦਰ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਪੱਤਰ ਦੀ ਕਾਪੀ ਅਪੀਲਕਰਤਾ ਵੱਲੋਂ ਆਪਣੀ ਦੂਜੀ ਅਪੀਲ ਦੇ ਨਾਲ ਕਮਿਸ਼ਨ ਨੂੰ ਵੀ ਪਹਿਲਾਂ ਹੀ ਪੇਸ਼ ਕੀਤੀ ਹੋਈ ਹੈ।ਇਸ ਤੋਂ ਇਲਾਵਾ ਹਾਜ਼ਰ ਉੱਤਰਦਾਤਾ ਨੇ ਪਹਿਲੀ ਅਪੀਲੀ ਅਥਾਰਟੀ ਦਾ ਪੱਤਰ ਨੰ:650/ਐਮ.ਸੀ.-3(ਆਰ.ਟੀ.ਆਈ.), ਮਿਤੀ 29-08-2019 ਵੀ ਪੇਸ਼ ਕੀਤਾ ਹੈ ਜਿਸ ਅਨੁਸਾਰ ਪਹਿਲੀ ਅਪੀਲੀ ਅਥਾਰਟੀ ਵੱਲੋਂ ਅਪੀਲਕਰਤਾ ਦੀ ਪਹਿਲੀ ਅਪੀਲ ਦਾ ਨਿਪਟਾਰਾ ਮਿਤੀ 18-06-2019 ਨੂੰ ਕੀਤਾ ਜਾ ਚੁੱਕਾ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਹਨ।

3. ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਆਪਣੇ ਪੱਤਰ, ਮਿਤੀ 01-09-2019 ਰਾਹੀਂ ਮੰਨਿਆ ਹੈ ਕਿ ਉਸ ਨੂੰ ਸੂਚਨਾ ਮਿਲ ਚੁੱਕੀ ਹੈ ਅਤੇ ਕਿ ਇਹ ਕੇਸ ਬੰਦ ਕਰਨ ਲਈ ਬੇਨਤੀ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 02 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਆਰਥਿਕ ਅਪਰਾਧ ਸ਼ਾਖਾ,
ਵਿਜੀਲੈਂਸ ਭਵਨ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ, ਆਰਥਿਕ ਅਪਰਾਧ ਸ਼ਾਖਾ,
ਵਿਜੀਲੈਂਸ ਭਵਨ ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:2249/2019**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਦਲਬੀਰ ਸਿੰਘ, ਐਸ.ਆਈ. (98155-77728)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 03-04-2019, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਆਰਥਿਕ ਅਪਰਾਧ ਸ਼ਾਖਾ, ਵਿਜੀਲੈਂਸ ਭਵਨ ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੇ ਰਜਿਸਟਰਡ ਪੱਤਰ, ਮਿਤੀ 25-02-2019 ਰਾਹੀਂ ਭੇਜੀ ਗਈ ਸ਼ਿਕਾਇਤ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 08-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 25-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 02-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਦਲਬੀਰ ਸਿੰਘ, ਐਸ.ਆਈ. ਨੇ ਪੱਤਰ ਨੰ:769-770/ਵਬ/ਅ.ਅ. ਸ਼ਾਖਾ, ਮਿਤੀ 02-09-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਰਾਹੀਂ ਵਿਸਥਾਰ-ਪੂਰਵਕ ਵੇਰਵਾ ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਉਨ੍ਹਾਂ ਦੇ ਪੱਤਰ ਨੰ:22632/ਵਬ/ ਐਸ-14, ਮਿਤੀ 22-04-2019, ਨੰ:361/ਵਬ/ਅ.ਅ.ਸ਼ਾਖਾ-14, ਮਿਤੀ 06-06-2019 ਅਤੇ ਨੰ:29189/ਵਬ/ ਐਸ-14, ਮਿਤੀ 06-06-2019, ਰਾਹੀਂ ਪਹਿਲਾਂ ਹੀ ਨਿਰਧਾਰਿਤ ਸਮੇਂ ਅੰਦਰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਹਨ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ ਅਤੇ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ।ਇਸ ਲਈ ਉਸ ਨੇ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਜਿਸ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 02 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਵਿਜੀਲੈਂਸ ਬਿਊਰੋ,
ਪੰਜਾਬ, ਮੋਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਵਿਜੀਲੈਂਸ ਬਿਊਰੋ,
ਪੰਜਾਬ, ਮੋਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:2253/2019**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. (98888-05958)

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 03-04-2019, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਵਿਜੀਲੈਂਸ ਬਿਊਰੋ, ਪੰਜਾਬ, ਮੋਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੇ ਰਜਿਸਟਰਡ ਪੱਤਰ, ਮਿਤੀ 05-03-2019 ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 25-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 02-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. ਨੇ ਕਿਹਾ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:40032/ਵਬ/ ਐਸ-14, ਮਿਤੀ 27-08-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਰਾਹੀਂ ਵੀ ਕਮਿਸ਼ਨ ਨੂੰ ਵਿਸਥਾਰ-ਪੂਰਵਕ ਸੂਚਿਤ ਕੀਤਾ ਗਿਆ ਹੈ।

3. ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਆਪਣੇ ਪੱਤਰ, ਮਿਤੀ 31-08-2019 ਰਾਹੀਂ ਮੰਨਿਆ ਹੈ ਕਿ ਉਸ ਨੂੰ ਸੂਚਨਾ ਮਿਲ ਚੁੱਕੀ ਹੈ ਅਤੇ ਕਿ ਇਹ ਕੇਸ ਬੰਦ ਕਰਨ ਲਈ ਬੇਨਤੀ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 02 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਤਿੰਦਰ ਸਿੰਘ, (94175-18831)
ਪੁੱਤਰ ਸ਼੍ਰੀ ਗੁਰਚਰਨ ਸਿੰਘ,
ਬਾਗੜੀਆਂ ਰੋਡ,
ਨੇੜੇ ਪੰਚਵਟੀ ਮੰਦਿਰ ਵਾਰਡ ਨੰ:4, ਧੂਰੀ,
ਜ਼ਿਲ੍ਹਾ ਸੰਗਰੂਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ। --------ਉੱਤਰਦਾਤਾ

**ਅਪੀਲ ਕੇਸ ਨੰ:2267/2019**

**ਹਾਜ਼ਰ:-**

1) ਸ਼੍ਰੀ ਜਤਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 22-03-2019, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਦਰਖਾਸਤ ਨੰ:1867/ਪੀ, ਮਿਤੀ 08-03-2018 ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 07-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 26-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 02-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:72-ਅਪੀਲ/ਆਰ.ਟੀ.ਆਈ., ਮਿਤੀ 31-08-2019 ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਉਨ੍ਹਾਂ ਦੇ ਪੱਤਰ ਨੰ:39-ਅਪੀਲ/ਆਰ.ਟੀ.ਆਈ., ਮਿਤੀ 26-06-2019 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਸੂਚਨਾ ਦੀ ਇੱਕ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਦਸਤੀ ਵੀ ਦੇ ਦਿੱਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 02 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਡਾਕਟਰ ਮਨਜੀਤ ਸਿੰਘ ਜੌੜਾ, (97812-00365
ਪੁੱਤਰ ਸ਼੍ਰੀ ਪਰਮਜੀਤ ਸਿੰਘ,
ਮਕਾਕ ਨੰ:66, ਪਟੇਲ ਨਗਰ,
ਬਠਿੰਡਾ-151001. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਲਾਅ ਅਫਸਰ,
ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼,
ਫਰੀਦਕੋਟ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫਤਰ ਰਜਿਸਰਾਰ, ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼,
ਫਰੀਦਕੋਟ। --------ਉੱਤਰਦਾਤਾ

**ਅਪੀਲ ਕੇਸ ਨੰ:2272/2019**

**ਹਾਜ਼ਰ:-**

1) ਡਾਕਟਰ ਮਨਜੀਤ ਸਿੰਘ ਜੌੜਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਨਿਹਾਰਕਾ ਗੁਪਤਾ, ਐਡਵੋਕੇਟ (85580-60900)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 31-01-2019, ਲੋਕ ਸੂਚਨਾ ਅਧਿਕਾਰੀ ਦਫਤਰ ਲਾਅ ਅਫਸਰ, ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼, ਫਰੀਦਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-01-2013 ਤੋਂ 31-12-2018 ਤੱਕ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਅਤੇ ਇਸ ਨਾਲ ਸਬੰਧਤ ਜੀ.ਜੀ.ਐਸ.ਐਮ.ਸੀ.ਐਚ. ਫਰੀਦਕੋਟ ਅਤੇ ਐਡਵਾਂਸਡ ਕੈਂਸਰ ਡਾਇਆਗਨੋਸਟਿਕ ਟਰੀਟਮੈਂਟ ਰਿਸਰਚ ਸੈਂਟਰ ਬਠਿੰਡਾ ਦੇ ਕੰਮ-ਕਾਰ ਨਾਲ ਸਬੰਧਤ 21 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 26-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 02-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਨਿਹਾਰਕਾ ਗੁਪਤਾ, ਐਡਵੋਕੇਟ ਨੇ ਆਪਣਾ ਲਿਖਤੀ ਜਵਾਬ, ਮਿਤੀ 30-08-2019 ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ ਅਤੇ ਇਸ ਦੀ ਇੱਕ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਵੀ ਦਸਤੀ ਦੇ ਦਿੱਤੀ ਗਈ ਹੈ।ਹਾਜ਼ਰ ਉੱਤਰਦਾਤਾ ਵੱਲੋਂ ਇਹ ਵੀ ਕਿਹਾ ਗਿਆ ਕਿ ਅਪੀਲਕਰਤਾ ਵੱਲੋਂ ਹੋਰ ਵੀ ਬਹੁਤ ਸਾਰੀਆਂ ਅਰਜ਼ੀਆਂ ਸੂਚਨਾ ਪ੍ਰਾਪਤ ਕਰਨ ਵਾਸਤੇ ਦਿੱਤੀਆਂ ਹੋਈਆਂ ਹਨ ਪਰੰਤੂ ਉਹ ਇਨ੍ਹਾਂ ਬਾਰੇ ਕੋਈ ਲਿਖਤੀ ਦਸਤਾਵੇਜ਼ ਪੇਸ਼ ਨਹੀਂ ਕਰ ਸਕੇ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਪੇਸ਼ ਕੀਤੀਆਂ ਗਈਆਂ ਅਰਜ਼ੀਆਂ ਬਾਰੇ ਵਿਸਥਾਰ-ਪੂਰਵਕ ਵੇਰਵੇ ਸਹਿਤ ਜਵਾਬ ਪੇਸ਼ ਕੀਤਾ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉੱਤਰਦਾਤਾ ਦੇ ਜਵਾਬ ਸਬੰਧੀ ਜੇਕਰ ਕੋਈ ਇਤਰਾਜ਼ ਹੋਵੇ ਤਾਂ ਉਸ ਬਾਰੇ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 25-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 02 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੰਜੇ ਕੁਮਾਰ, ਸੈਕਸ਼ਨ ਅਫਸਰ (99888-97785)
ਦਫਤਰ ਪ੍ਰੀਖਿਅਕ, ਲੋਕਲ ਫੰਡ ਅਕਾਊਟਸ,
ਨਗਰ ਨਿਗਮ, ਸੈਕਟਰ-17 ਚੰਡੀਗੜ੍ਹ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ। --------ਉੱਤਰਦਾਤਾ

**ਅਪੀਲ ਕੇਸ 2277/2019**

**ਹਾਜ਼ਰ:-** 1) ਸ਼੍ਰੀ ਸੰਜੇ ਕੁਮਾਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ (98141-05515।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-02-2019, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਪੰਜਾਬ ਖਜ਼ਾਨਾ ਤੇ ਲੇਖਾ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਤੰਬਰ, 2018 ਵਿੱਚ ਦਿੱਤੀ ਗਈ ਪ੍ਰੀਖਿਆ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ।ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨਾਲ ਹੋਣ ਕਾਰਨ ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਪੰਜਾਬ ਖਜ਼ਾਨਾ ਤੇ ਲੇਖਾ, ਚੰਡੀਗੜ੍ਹ ਵੱਲੋਂ ਆਪਣੇ ਪੱਤਰ ਨੰ:ਟੀ.ਏ.(ਐਸ.-3 ਐਸ.ਓ.) 2019/33, ਮਿਤੀ 20-02-2019 ਰਾਹੀਂ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ, ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਤਬਦੀਲ ਕਰਦੇ ਹੋਏ ਅਪੀਲਕਰਤਾ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 02-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 02-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ ਨੇ ਪੱਤਰ ਨੰ:6482/ਐਸ-।।/184-19/ਆਰ.ਟੀ.ਆਈ. ਸੈੱਲ, ਮਿਤੀ 29-08-2019 ਰਾਹੀਂ ਵਿਸਥਾਰ-ਪੂਰਵਕ ਵੇਰਵਾ ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵਲੋਂ ਆਪਣੇ ਪੱਤਰ ਨੰ:2916/ਐਸ-।।/184-19/ਆਰ.ਟੀ.ਆਈ. ਸੈੱਲ, ਮਿਤੀ 15-04-2019 ਅਤੇ ਪੱਤਰ ਨੰ:4817/ਐਸ-।।/184-19/ਆਰ.ਟੀ.ਆਈ. ਸੈੱਲ, ਮਿਤੀ 01-07-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਸੂਚਨਾ ਤਾਂ ਪ੍ਰਾਪਤ ਹੋਈ ਹੈ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਸ ਨੂੰ ਆਰ.ਟੀ.ਆਈ. ਐਕਟ, 2005 ਤਹਿਤ ਅਜੇ ਤੱਕ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

3. ਦਫਤਰੀ ਰਿਕਾਰਡ ਅਨੁਸਾਰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 02 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸਬ ਮੇਜਰ ਬਲਬੀਰ ਸਿੰਘ, (ਰਿਟਾ:) (94647-26538)
ਪੁੱਤਰ ਸ਼੍ਰੀ ਰਾਮ ਕਿਸ਼ਨ, ਪਿੰਡ ਜਮਾਲਪੁਰ (ਉਮਰਪੁਰ)
ਤਹਿਸੀਲ ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ। --------ਉੱਤਰਦਾਤਾ

**ਅਪੀਲ ਕੇਸ 2243/2019**

**ਹਾਜ਼ਰ:-**

1) ਸਬ ਮੇਜਰ ਬਲਬੀਰ ਸਿੰਘ, (ਰਿਟਾ:) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਦਿਲਾਵਰ ਸਿੰਘ, ਪੰਚਾਇਤ ਸਕੱਤਰ (97811-47717)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-03-2019, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਦਰਖਾਸਤ, ਮਿਤੀ 25-01-2019 ਰਾਹੀਂ ਕੀਤੀ ਗਈ ਸ਼ਿਕਾਇਤ ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 14-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 02-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਦਿਲਾਵਰ ਸਿੰਘ, ਪੰਚਾਇਤ ਸਕੱਤਰ ਨੇ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਉਸ ਨੂੰ ਦਿੱਤੀ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਉਸ ਦੀ ਆਰ.ਟੀ.ਆਈ. ਅਰਜ਼ੀ ਦੇ ਪੈਰ੍ਹਾ 2 ਦੇ ਨੁਕਤਾ 'ਏ' ਅਤੇ 'ਬੀ' ਬਾਰੇ ਮਿਲੀ ਸੂਚਨਾ ਤੋਂ ਸੰਤੁਸ਼ਟ ਹੈ ਪਰੰਤੂ ਉਸ ਨੂੰ ਨੁਕਤਾ 'ਸੀ' ਬਾਰੇ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਨੇ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਬਹੁਤਾ ਸਬੰਧ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮੁਕੇਰੀਆਂ ਨਾਲ ਹੋਣ ਕਾਰਨ ਉਨ੍ਹਾਂ ਵੱਲੋ ਸੂਚਨਾ ਦਿੱਤੀ ਜਾ ਸਕਦੀ ਹੈ।

3. ਉੱਤਰਦਾਤਾ, ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮੁਕੇਰੀਆਂ-ਕਮ-ਲੋਕ ਸੂਚਨਾ ਅਧਿਕਾਰੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਦੇ ਪੈਰ੍ਹਾ 2 ਦੇ ਨੁਕਤਾ 'ਸੀ' ਬਾਰੇ ਅਪੀਲਕਰਤਾ ਨੂੰ ਇਹ ਸੂਚਨਾ ਦਿੱਤੀ ਜਾਵੇ ਕਿ ਗਰਾਮ ਪੰਚਾਇਤ, ਔਲੀਆ ਦਾ ਰੈਜ਼ੂਲੇਸ਼ਨ, ਕਿਸ ਪੱਤਰ ਨੰ: ਅਤੇ ਮਿਤੀ ਨਾਲ ਲੈਂਡ ਰੈਵਨਿਊ ਵਿਭਾਗ ਨੂੰ ਭੇਜਿਆ ਗਿਆ ਸੀ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 25-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੇ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 02 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ।                                        ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ, ਬੁਢਲਾਡਾ,
ਜ਼ਿਲ੍ਹਾ ਮਾਨਸਾ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ, ਬੁਢਲਾਡਾ,
ਜ਼ਿਲ੍ਹਾ ਮਾਨਸਾ।                                        -----ਉੱਤਰਦਾਤਾ

**ਅਪੀਲ ਕੇਸ ਨੰ:1334/2019**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀਮਤੀ ਗੁਰਪ੍ਰੀਤ ਕੌਰ, ਕਲਰਕ (94637-97100)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-12-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬੁਢਲਾਡਾ,ਜ਼ਿਲ੍ਹਾ ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਆਈ. ਐਕਟ ਦੀ ਧਾਰਾ 4 ਅਤੇ ਧਾਰਾ 4 ਦੀ ਉਪ ਧਾਰਾਵਾਂ (ਏ,ਬੀ,ਸੀ ਅਤੇ ਡੀ) ਦੀ ਪਾਲਣਾ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 31-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 08-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਗੁਰਪ੍ਰੀਤ ਕੌਰ, ਕਲਰਕ ਨੇ ਪੱਤਰ ਨੰ:22/ਆਰ.ਟੀ.ਆਈ., ਮਿਤੀ 28-08-2019 ਰਾਹੀਂ ਵਿਸਥਾਰ-ਪੂਰਵਕ ਵੇਰਵਾ ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਆਪਣੇ ਨੰ:20/ਆਰ.ਟੀ.ਆਈ., ਮਿਤੀ 28-08-2019 ਰਾਹੀਂ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 02 ਸਤੰਬਰ, 2019.**                    **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਦਫਤਰ ਡਿਪਟੀ ਕਮਿਸ਼ਨਰ,
ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:1739/2019**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ .(78887-41866) ਦਫ਼ਤਰ ਸੀ.ਪੀ.ਓ. ਲੁਧਿਆਣਾ ਅਤੇ ਸ਼੍ਰੀ ਗੁਰਮੀਤ ਸਿੰਘ, ਜੂਨੀਅਰ ਸਹਾਇਕ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-02-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 13-01-2019 ਨੂੰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਭੇਜੇ ਗਏ ਪੱਤਰ ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-03-2019 ਨੂੰ ਪਹਿਲੀ ਅਪੀਲੀ ਅਥਾਰਟੀ 1ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ.ਨੇ ਪੱਤਰ ਨੰ: ਏ.ਸੀ.1739/ਆਰ.ਟੀ.ਆਈ., ਮਿਤੀ 31-08-2019 ਰਾਹੀਂ ਵਿਸਥਾਰ-ਪੂਰਵਕ ਵੇਰਵਾ ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਆਪਣੇ ਨੰ:32/ਐਫ.ਏ./ਆਰ.ਟੀ.ਆਈ., ਮਿਤੀ 04-04-2019 ਅਤੇ ਫਿਰ ਪੱਤਰ ਨੰ:263/ਡੀ/ਆਰ.ਟੀ.ਆਈ., ਮਿਤੀ 05-08-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 02 **ਸਤੰਬਰ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਦਫਤਰ ਡਿਪਟੀ ਕਮਿਸ਼ਨਰ,
ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:1740/2019**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਨਿਰਮਲ ਸਿੰਘ, ਸਹਾਇਕ ਲੋਕ ਸੂਚਨਾ ਅਧਿਕਾਰੀ (99158-36590)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-02-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 31-12-2018 ਨੂੰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਭੇਜੇ ਗਏ ਪੱਤਰ ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 01-03-2019 ਨੂੰ ਪਹਿਲੀ ਅਪੀਲੀ ਅਥਾਰਟੀ 1ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 06-08-2019 ਤੇ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬੂਟਾ ਸਿੰਘ, ਕਲਰਕ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੇ ਜ਼ੁਬਾਨੀ ਤੌਰ ਤੇ ਦੱਸਿਆ ਸੀ ਕਿ ਹਥਲੇ ਕੇਸ ਨਾਲ ਬਿਲਕੁੱਲ ਮਿਲਦਾ-ਜੁਲਦਾ ਕੇਸ ਰਾਜ ਸੂਚਨਾ ਕਮਿਸ਼ਨਰ (ਸ਼੍ਰੀਮਤੀ ਪ੍ਰੀਤੀ ਚਾਵਲਾ) ਜੀ ਕੋਲ ਪਹਿਲਾਂ ਹੀ ਚੱਲ ਰਿਹਾ ਹੈ ਜਿਸ ਦੀ ਪੇਸ਼ੀ ਲਈ ਅਗਲੀ ਮਿਤੀ 02-09-2019 ਨਿਸਚਿਤ ਕੀਤੀ ਹੋਈ ਹੈ। ਇਸ ਲਈ ਉਸ ਵੱਲੋਂ ਇਹ ਕੇਸ ਵੀ ਮਿਤੀ 02-09-2019 ਨੂੰ ਪੇਸ਼ੀ ਲਈ ਨਿਸਚਿਤ ਕਰਨ ਲਈ ਬੇਨਤੀ ਕੀਤੀ ਗਈ ਸੀ। ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਆਪਣਾ ਪੱਖ ਪੇਸ਼ ਕਰਨ ਲਈ ਸਮੇਂ ਦੀ ਮੰਗ ਕੀਤੀ ਹੈ। ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 02-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨਿਰਮਲ ਸਿੰਘ, ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਕਿ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ।ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:4761, ਮਿਤੀ 21-08-2019 ਰਾਹੀਂ ਸ਼੍ਰੀਮਤੀ ਪ੍ਰੀਤੀ ਚਾਵਲਾ, ਰਾਜ ਸੂਚਨਾ ਕਮਿਸ਼ਨਰ, ਪੰਜਾਬ ਅਤੇ ਨਿਮਨ-ਹਸਤਾਖਰਤ ਨੂੰ ਸੂਚਿਤ ਕੀਤਾ ਗਿਆ ਹੈ।

4. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਆਪਣੇ ਪੱਤਰ, ਮਿਤੀ 01-09-2019 ਰਾਹੀਂ ਇਸ ਬੈਂਚ ਨੂੰ ਸੂਚਿਤ ਕੀਤਾ ਹੈ ਕਿ ਹਥਲੇ ਕੇਸ ਨਾਲ ਸਬੰਧਤ ਉਸ ਦਾ ਇੱਕ ਹੋਰ ਅਪੀਲ ਕੇਸ ਨੰ:1328/2019 ਸ਼੍ਰੀਮਤੀ ਪ੍ਰੀਤੀ ਚਾਵਲਾ, ਰਾਜ ਸੂਚਨਾ ਕਮਿਸ਼ਨਰ, ਪੰਜਾਬ ਕੋਲ ਚੱਲ ਦਾ ਰਿਹਾ ਹੈ। ਇਸ ਲਈ ਅਪੀਲਕਰਤਾ ਵੱਲੋਂ ਇਸ ਬੈਂਚ ਨੂੰ ਬੇਨਤੀ ਕੀਤੀ ਗਈ ਹੈ ਕਿ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਅਪੀਲ ਕੇਸ ਨੰ:1740/2019

ਉਸ ਦਾ ਹਥਲਾ ਕੇਸ ਵੀ ਸ਼੍ਰੀਮਤੀ ਪ੍ਰੀਤੀ ਚਾਵਲਾ, ਰਾਜ ਸੂਚਨਾ ਕਮਿਸ਼ਨਰ, ਪੰਜਾਬ ਨੂੰ ਤਬਦੀਲ ਕਰ ਦਿੱਤਾ ਜਾਵੇ।

5.. ਦਫਤਰੀ ਰਿਕਾਰਡ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਹਥਲੇ ਕੇਸ ਵਿੱਚ ਮੰਗੀ ਗਈ ਸੂਚਨਾ ਪਹਿਲਾਂ ਵੀ ਦੋ ਵੱਖਰੇ ਅਪੀਲ ਕੇਸਾਂ ਨੰ:1326 ਆਫ਼ 2019 ਅਤੇ 1328 ਆਫ 2019 ਵਿੱਚ ਮੰਗੀ ਹੋਈ ਹੈ ਅਤੇ ਉਹ ਕੇਸ ਸ਼੍ਰੀਮਤੀ ਪ੍ਰੀਤੀ ਚਾਵਲਾ, ਰਾਜ ਸੂਚਨਾ ਕਮਿਸ਼ਨਰ, ਪੰਜਾਬ ਕੋਲ ਚੱਲ ਰਹੇ ਹਨ। **ਅਪੀਲਕਰਤਾ ਵੱਲੋਂ ਇਸ ਤੱਥ ਨੂੰ ਕਮਿਸ਼ਨ ਕੋਲੋਂ ਛੁਪਾ ਕੇ ਕਮਿਸ਼ਨ ਨੂੰ ਗੁੰਮਰਾਹ ਕੀਤਾ ਗਿਆ ਹੈ। ਇਸ ਤੋਂ ਇਲਾਵਾ ਅਪੀਲਕਰਤਾ ਵੱਲੋਂ ਕਮਿਸ਼ਨ ਕੋਲ ਦਾਇਰ ਕੀਤੀ ਗਈ ਦੂਜੀ ਅਪੀਲ ਦੇ ਨਾਲ ਹੇਠ ਲਿਖਿਆ ਸਰਟੀਫਿਕੇਟ ਵੀ ਦਿੱਤਾ ਹੋਇਆ ਹੈ:-**

> **"ਸਰਟੀਫਿਕੇਟ ਜ਼ੋ ਇਹ ਬਿਆਨ ਕਰਦਾ ਹੈ ਕਿ ਦਾਖਲ ਕੀਤੀ ਕੰਪਲੇਂਟ/ਸੈਕਿੰਡ (ਦੂਜੀ) ਅਪੀਲ ਕੇਸ ਪਹਿਲਾਂ ਤੋਂ ਕਿਸੇ ਵੀ ਕਮਿਸ਼ਨਰ ਕੋਲ ਵਿਚਾਰਧੀਨ ਨਹੀਂ ਪਈ ਹੈ ਅਤੇ ਇਸ ਉਪਰ ਕੋਈ ਫੈਸਲਾ ਨਹੀਂ ਲਿਆ ਗਿਆ "**

**ਅਪੀਲਕਰਤਾ ਵੱਲੋਂ ਕੇਸ ਦੇ ਤੱਥਾਂ ਨੂੰ ਛੁਪਾ ਕੇ, ਗਲਤ ਬਿਆਨੀ ਕਰਕੇ ਅਤੇ ਕਮਿਸ਼ਨ ਨੂੰ ਗੁੰਮਰਾਹ ਕਰਕੇ ਕਮਿਸ਼ਨ ਵਿਖੇ ਅਪੀਲ ਦਾਇਰ ਕੀਤੀ ਗਈ ਹੈ, ਜਿਸ ਦਾ ਕਮਿਸ਼ਨ ਨੇ ਬਹੁਤ ਹੀ ਗੰਭੀਰ ਨੋਟਿਸ ਲਿਆ ਹੈ।ਇਸ ਤੋਂ ਇਹ ਬਿਲਕੁੱਲ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਬਿਨ੍ਹਾਂ ਵਜ੍ਹਾ ਆਰ.ਟੀ.ਆਈ. ਆਰਜ਼ੀਆਂ ਦਾਇਰ ਕਰਕੇ ਸਬੰਧਤ ਵਿਭਾਗਾਂ ਨੂੰ ਪ੍ਰੇਸ਼ਾਨ ਕਰ ਰਿਹਾ ਹੈ।ਇਸ ਸਥਿਤੀ ਦੇ ਸਨਮੁੱਖ ਅਪੀਲਕਰਤਾ ਨੂੰ ਭਵਿੱਖ ਵਿੱਚ ਅਜਿਹਾ ਕਰਨ ਤੋਂ ਗੁਰੇਜ਼ ਕਰਨ ਦੀ ਚਿਤਾਵਨੀ ਦਿੱਤੀ ਜਾਂਦੀ ਹੈ** ਅਤੇ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਇਹ ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 02 ਸਤੰਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਕਾਪੀ:-

ਡਿਪਟੀ ਰਜਿਸਟਰਾਰ,
ਪੰਜਾਬ ਰਾਜ ਸੂਚਨਾ ਕਮਿਸ਼ਨਰ,

ਨੂੰ ਯੋਗ ਕਾਰਵਾਈ ਹਿੱਤ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਓਮ ਪ੍ਰਕਾਸ਼ ਬਾਂਸਲ,
ਵਾਸੀ ਫਲੈਟ ਨੰ:17 ਪਹਿਲੀ ਮੰਜਿਲ,
ਐਚ.ਆਈ.ਜੀ ਫਲੈਟਸ,
ਐਸ.ਐਸ.ਟੀ. ਨਗਰ, ਪਟਿਆਲਾ। --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ ਆਫ ਫਰਮਜ ਅਤੇ
ਸੋਸਾਇਟੀਜ਼ ਪੰਜਾਬ, ਚੰਡੀਗੜ੍ਹ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 494/ 2019**

**ਹਾਜ਼ਰ:-**

1) ਸ਼੍ਰੀ ਓਮ ਪ੍ਰਕਾਸ਼ ਬਾਂਸਲ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਮਰਜੀਤ ਸਿੰਘ, ਸਹਾਇਕ ਲੋਕ ਸੂਚਨਾ ਅਧਿਕਾਰੀ (94177-88131)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 03-04-2019, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ ਆਫ ਫਰਮਜ ਅਤੇ ਸੋਸਾਇਟੀਜ਼ ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਸ਼ਿਕਾਇਤ, ਮਿਤੀ 23-01-2019 ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-05-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 12-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 14-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਮਰਜੀਤ ਸਿੰਘ, ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਪੱਤਰ ਨੰ: ਰਫਸ/ਆਰ.ਟੀ.ਆਈ./472/1982-84/ਸਪੈਸ਼ਲ 1-2, ਮਿਤੀ 02-09-2019 ਜੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਿਤ, ਰਾਹੀਂ ਵਿਸਥਾਰ-ਪੂਰਵਕ ਵੇਰਵਾ ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਸੂਚਨਾ ਦੀ ਇੱਕ ਕਾਪੀ ਪੇਸ਼ੀ ਦੌਰਾਨ ਸ਼ਿਕਾਇਤਕਰਤਾ ਨੂੰ ਦਸਤੀ ਦੇ ਦਿੱਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਦਿੱਤੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 02 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਵਿੰਦਰ ਸਿੰਘ, (90418-00247)
ਪੁੱਤਰ ਸ਼੍ਰੀ ਸੋਹਣ ਸਿੰਘ,
ਪਿੰਡ ਲੋਹਟ, ਡਾਕਖਾਨਾ ਬਲਾਚੌਰ,
ਜ਼ਿਲ੍ਹਾ ਐੱਸ.ਬੀ.ਐੱਸ.ਨਗਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ,
ਐੱਸ.ਜੀ.ਐੱਚ.ਆਰ.ਐੱਸ .ਕਾਲਿਜ ਫਾਰ ਵੂਮੈਂਨ, ਚੱਬੇਵਾਲ,
ਜ਼ਿਲ੍ਹਾ ਹੁਸ਼ਿਆਰਪੁਰ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:360/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਕੋਈ ਨਹੀਂ।

**ਹੁਕਮ:**

ਪੇਸ਼ੀ, ਮਿਤੀ 05-08-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ ਨੇ ਆਪਣਾ ਵਿਸਥਾਰ-ਪੂਰਵਕ ਜਵਾਬ, ਮਿਤੀ 05-08-2018 ਪੇਸ਼ ਕੀਤਾ ਸੀ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਸੀ। ਸ਼ਿਕਾਇਤਕਰਤਾ, ਹਾਜ਼ਰ ਉੱਤਰਦਾਤਾ ਦੇ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਹਾਜ਼ਰ ਹੋਇਆ ਸੀ। ਇਸ ਲਈ ਸ਼ਿਕਾਇਤਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 21-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 21-08-2019 ਤੇ ਸ਼ਿਕਾਇਤਕਰਤਾ ਫਿਰ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਨਿਤਿਨ ਵਰਮਾ, ਐਡਵੋਕੇਟ ਨੇ ਕੁੱਝ ਸਮੇਂ ਦੀ ਮੰਗ ਕੀਤੀ ਸੀ। ਹਾਜ਼ਰ ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ ਅਗਲੀ ਸੁਣਵਾਈ ਮਿਤੀ 02-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਦੋਵਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਆਪਣਾ ਵਿਸਥਾਰ-ਪੂਰਵਕ ਲਿਖਤੀ ਜਵਾਬ, ਮਿਤੀ 05-08-2018 ਪਹਿਲਾਂ ਹੀ ਪੇਸ਼ ਕੀਤਾ ਹੋਇਆ ਹੈ। ਇਸ ਲਈ ਸ਼ਿਕਾਇਤਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਆਖਰੀ ਮੌਕਾ ਦਿੱਤਾ ਜਾਂਦਾ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਅਗਲੀ ਪੇਸ਼ੀ ਤੇ ਹਾਜ਼ਰੀ ਯਕੀਨੀ ਬਨਾਉਣ ਦੀ ਹਦਾਇਤ ਕੀਤੀ ਜਾਂਦੀ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 25-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 02 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**